# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 27-03-2025**

ਰੱਖਿਆ ਖੋਜ ਅਤੇ ਵਿਕਾਸ ਸੰਗਠਨ – ਡੀ.ਆਰ.ਡੀ.ਓ. ਅਤੇ ਭਾਰਤੀ ਸਮੁੰਦਰੀ ਫੌਜ ਨੇ ਕੱਲ੍ਹ ਓਡੀਸ਼ਾ ਵਿਚ ਚਾਂਦੀਪੁਰ ਵਿਖੇ ਏਕੀਕ੍ਰਿਤ ਟੈਸਟ ਰੇਂਜ – ਆਈ.ਟੀ.ਆਰ. ਤੋਂ ਦੇਸ਼ ਵਿਚ ਵਿਕਸਤ ਛੋਟੀ ਰੇਂਜ ਦੀ ਵਰਲਟੀਕਲ ਲਾਂਚਡ ਏਅਰ ਮਿਜ਼ਾਈਲ ਦਾ ਸਫਲ ਪ੍ਰੀਖਣ ਕੀਤਾ ਏ। ਇਸ ਪ੍ਰੀਖਣ ਦੌਰਾਨ ਮਿਜ਼ਾਈਲ ਨੇ ਘੱਟ ਉਚਾਈ 'ਤੇ ਭਰੋਸੇਯੋਗਤਾ ਅਤੇ ਸਟੀਕਤਾ ਦਾ ਪ੍ਰਦਰਸ਼ਨ ਕਰਦੇ ਹੋਏ ਟੀਚੇ ਨੂੰ ਪੂਰੀ ਤਰ੍ਹਾਂ ਨਸ਼ਟ ਕਰ ਦਿੱਤਾ। ਸਵਦੇਸ਼ੀ ਰੇਡੀਓ ਫ੍ਰੀਕੁਐਂਸੀ ਸੀਕਰ, ਮਲਟੀ-ਫੰਕਸ਼ਨ ਰਾਡਾਰ ਅਤੇ ਹਥਿਆਰ ਕੰਟਰੋਲ ਪ੍ਰਣਾਲੀ ਸਮੇਤ ਸਾਰੇ ਉਪਕਰਨਾਂ ਨੇ ਉਮੀਦ ਮੁਤਾਬਕ ਪ੍ਰਦਰਸ਼ਨ ਕੀਤਾ ਏ। ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਡੀ.ਆਰ.ਡੀ.ਓ., ਭਾਰਤੀ ਸਮੁੰਦਰੀ ਫੌਜ ਅਤੇ ਉਦਯੋਗ ਨੂੰ ਵਧਾਈ ਦਿੰਦਿਆਂ ਮਿਜ਼ਾਈਲ ਪ੍ਰਣਾਲੀ ਨੂੰ ਰੱਖਿਆ ਖੋਜ ਅਤੇ ਵਿਕਾਸ ਦੇ ਖੇਤਰ

ਵਿੱਚ ਭਾਰਤ ਦੀ ਮਜ਼ਬੂਤ ਡਿਜ਼ਾਈਨ ਅਤੇ ਵਿਕਾਸ ਸਮਰੱਥਾ ਦਾ ਪ੍ਰਮਾਣ ਦੱਸਿਆ ਏ ।

---------------------------------------------------------------

ਪੰਜਾਬ ਦੇ ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ “ਅਸੀਂ ਪੰਜਾਬ ਸਰਕਾਰ ਦੀ ਨਸ਼ਾ ਵਿਰੋਧੀ ਮੁਹਿੰਮ ਦਾ ਦੂਜਾ ਪੜਾਅ ਸ਼ੁਰੂ ਕਰ ਰਹੇ ਹਾਂ।

**Byte**

ਉਨ੍ਹਾਂ ਦੱਸਿਆ ਕਿ ਮੁਹਿੰਮ ਵਿੱਚ ਹੁਣ ਤੱਕ 2 ਹਜ਼ਾਰ 241 ਐਫ.ਆਈ.ਆਰ. ਦਰਜ ਕੀਤੀਆਂ ਗਈਆਂ ਨੇ ਅਤੇ 4 ਹਜ਼ਾਰ ਤੋਂ ਵੱਧ ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਏ । 146 ਕਿਲੋ ਹੈਰੋਇਨ ਵੀ ਜ਼ਬਤ ਕੀਤੀ ਏ ।

---------------------------------------------------------------

ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਦੋ ਅਹਿਮ ਆਪ੍ਰੇਸ਼ਨਾਂ ਵਿਚ ਸੱਤ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਕਰਕੇ 4.5 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ ਏ । ਭਰੋਸੇਯੋਗ ਖੁਫੀਆ ਜਾਣਕਾਰੀ ਦੇ ਆਧਾਰ 'ਤੇ ਕਾਰਵਾਈ ਕਰਦੇ ਹੋਏ ਪੁਲਿਸ ਟੀਮਾਂ ਨੇ ਇਨ੍ਹਾਂ ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਏ ।

ਇਨ੍ਹਾਂ ਸਮੱਗਲਰਾਂ ਦੇ ਇੱਕ ਕੌਮਾਂਤਰੀ ਡਰੱਗ ਸਿੰਡੀਕੇਟ ਨਾਲ ਸਬੰਧਾਂ ਦਾ ਪਤਾ ਲੱਗਾ ਏ। ਮਾਮਲੇ ਦੀ ਹੋਰ ਜਾਂਚ ਪੜਤਾਲ ਜਾਰੀ ਏ ।

---------------------------------------------------

ਪੰਜਾਬ ਵਿੱਚ ਸੈਰ-ਸਪਾਟਾ ਅਤੇ ਜੰਗਲੀ ਜੀਵਾਂ ਦੀ ਸੰਭਾਲ ਨੂੰ ਉਤਸ਼ਾਹਿਤ ਕਰਨ ਲਈ, ਸੂਬਾ ਸਰਕਾਰ ਨੇ ਸ੍ਰੀ ਆਨੰਦਪੁਰ ਸਾਹਿਬ ਦੇ ਝੱਜਰ-ਬਚੌਲੀ ਵਾਈਲਡ ਲਾਈਫ ਸੈਂਚੂਰੀ ਨੂੰ ਇੱਕ ਈਕੋ-ਟੂਰਿਜ਼ਮ ਅਤੇ ਸੂਬੇ ਵਿੱਚ ਪਹਿਲੀ ਚੀਤਾ ਸਫਾਰੀ ਸਥਾਨ ਵਜੋਂ ਵਿਕਸਤ ਕਰਨ ਦੀ ਯੋਜਨਾ ਬਣਾਈ ਏ। ਇਹ ਐਲਾਨ ਕੱਲ੍ਹ ਪੇਸ਼ ਕੀਤੇ ਗਏ ਸਾਲ 2025-26 ਲਈ ਸੂਬੇ ਦੇ ਬਜਟ ਵਿੱਚ ਕੀਤਾ ਗਿਐ । ਨੰਗਲ ਨੂੰ ਪੰਜਾਬ ਦੇ ਅਗਲੇ ਵੱਡੇ ਸੈਰ-ਸਪਾਟਾ ਸਥਾਨ ਵਜੋਂ ਵਿਕਸਤ ਕਰਨ ਦਾ ਵੀ ਐਲਾਨ ਕੀਤਾ ਗਿਆ ਏ ਜਿਸ ਲਈ ਬਜਟ ਵਿੱਚ 10 ਕਰੋੜ ਰੁਪਏ ਦਾ ਪ੍ਰਬੰਧ ਰੱਖਿਆ ਗਿਆ ਏ ।

---------------------------------------------------

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਆਪਣੇ ਦਫ਼ਤਰ ਵਿਖੇ ਸੂਬੇ ਦੀਆਂ ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਅਤੇ

ਅਧਿਕਾਰੀਆਂ ਨਾਲ ਇੱਕ ਅਹਿਮ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਚੋਣ ਕਮਿਸ਼ਨ ਵੱਲੋਂ ਸਮੇਂ-ਸਮੇਂ 'ਤੇ ਜਾਰੀ ਕੀਤੀਆਂ ਗਈਆਂ ਵੱਖ-ਵੱਖ ਹਦਾਇਤਾਂ ਬਾਰੇ ਵਿਸਥਾਰ ਨਾਲ ਦੱਸਿਆ ਗਿਆ। ਮੁੱਖ ਚੋਣ ਅਧਿਕਾਰੀ ਨੇ ਸਿਆਸੀ ਪਾਰਟੀਆਂ ਨੂੰ ਸੂਚਿਤ ਕੀਤਾ ਕਿ ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਸੂਬੇ ਭਰ ਵਿੱਚ ਚੋਣਕਾਰ ਰਜਿਸਟ੍ਰੇਸ਼ਨ ਅਧਿਕਾਰੀਆਂ ਅਤੇ ਜ਼ਿਲ੍ਹਾ ਚੋਣ ਅਧਿਕਾਰੀਆਂ ਦੇ ਪੱਧਰ 'ਤੇ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਨਾਲ ਮੀਟਿੰਗਾਂ ਸਫਲਤਾਪੂਰਵਕ ਮੁਕੰਮਲ ਹੋ ਗਈਆਂ ਨੇ। ਉਨ੍ਹਾਂ ਇਹ ਵੀ ਦੱਸਿਆ ਕਿ ਜ਼ਿਲ੍ਹਾ ਪੱਧਰੀ ਮੀਟਿੰਗਾਂ ਦੌਰਾਨ ਕੋਈ ਵੀ ਮੁੱਦਾ ਜਾਂ ਚਿੰਤਾਵਾਂ ਸਾਹਮਣੇ ਨਹੀਂ ਆਈਆਂ ਅਤੇ ਸਾਰੀਆਂ ਪਾਰਟੀਆਂ ਨੇ ਚੋਣ ਪ੍ਰਕਿਰਿਆ 'ਤੇ ਆਪਣੀ ਪੂਰੀ ਤਸੱਲੀ ਪ੍ਰਗਟਾਈ ਏ । ਸਿਬਿਨ ਸੀ ਨੇ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਚੋਣ ਸੇਵਾਵਾਂ ਨਾਲ ਸਬੰਧਤ ਕਿਸੇ ਵੀ ਮੁੱਦੇ ਜਾਂ ਚੁਣੌਤੀਆਂ ਨੂੰ ਸਾਂਝਾ ਕਰਨ ਲਈ ਵੀ ਸੱਦਾ ਦਿੱਤਾ। ਮੀਟਿੰਗ ਵਿੱਚ ਹਾਜ਼ਰ ਸਾਰੀਆਂ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੇ

ਜ਼ਮੀਨੀ ਪੱਧਰ 'ਤੇ ਵੋਟਰ ਸੂਚੀ ਅਤੇ ਹੋਰ ਵੱਖ-ਵੱਖ ਚੋਣਾਂ ਨਾਲ ਸਬੰਧਤ ਗਤੀਵਿਧੀਆਂ ਦੇ ਸਬੰਧ ਵਿੱਚ ਆਪਣੀ ਤਸੱਲੀ ਪ੍ਰਗਟਾਈ।

---------------------------------------------------------------

ਸੂਬੇ ਵਿਚ ਗ਼ੈਰ ਕਾਨੂੰਨੀ ਮਾਈਨਿੰਗ ਰੋਕਣ ਲਈ ਪੰਜਾਬ ਕੈਬਨਿਟ ਨੇ ਪੰਜਾਬ ਰੈਗੂਲੇਸ਼ਨ ਆਫ਼ ਕਰੱਸ਼ਰ ਯੂਨਿਟਜ਼ ਐਕਟ, 2025 ਬਣਾਉਣ ਦੀ ਸਹਿਮਤੀ ਦੇ ਦਿੱਤੀ ਏ। ਇਸ ਸਬੰਧੀ ਫੈਸਲਾ ਮੁੱਖ ਮੰਤਰੀ ਦੀ ਅਗਵਾਈ ਹੇਠ ਉਨ੍ਹਾਂ ਦੀ ਅਧਿਕਾਰਕ ਰਿਹਾਇਸ਼ ਤੇ ਹੋਈ ਮੰਤਰੀ ਮੰਡਲ ਦੀ ਮੀਟਿੰਗ ਵਿੱਚ ਲਿਆ ਗਿਆ। ਮੰਤਰੀ ਮੰਡਲ ਨੇ ਇਸ ਐਕਟ ਨੂੰ ਪੰਜਾਬ ਵਿਧਾਨ ਸਭਾ ਦੇ ਚੱਲ ਰਹੇ ਸੈਸ਼ਨ ਦੌਰਾਨ ਲਿਆਉਣ ਦੀ ਵੀ ਮਨਜ਼ੂਰੀ ਦੇ ਦਿੱਤੀਏ। ਇਸ ਐਕਟ ਨਾਲ ਰੇਤਾ ਤੇ ਬੱਜਰੀ ਦੀ ਪ੍ਰਾਸੈਸਿੰਗ ਵਿੱਚ ਲੱਗੀਆਂ ਕਰੱਸ਼ਰ ਇਕਾਈਆਂ ਤੇ ਸਕਰੀਨਿੰਗ ਪਲਾਂਟਾਂ ਦੀਆਂ ਗਤੀਵਿਧੀਆਂ ਨੂੰ ਨੇਮਬੱਧ ਕਰਨ ਲਈ ਵਿਭਾਗ ਮਜ਼ਬੂਤ ਹੋਵੇਗਾ। ਇਸ ਨਾਲ ਸੂਬੇ ਵਿੱਚ ਗੈਰ ਕਾਨੂੰਨੀ ਖਣਨ ਰੋਕਣ ਅਤੇ ਕਾਨੂੰਨੀ ਖਣਨ ਕਾਰਵਾਈਆਂ ਚਲਾਉਣ ਵਿੱਚ ਮਦਦ ਮਿਲੇਗੀ। ਕੈਬਨਿਟ ਨੇ ਪੰਜਾਬ ਵਿੱਚ ਕਾਰੋਬਾਰ ਪੱਖੀ ਮਾਹੌਲ ਨੂੰ ਉਤਸ਼ਾਹਤ ਕਰਨ ਲਈ

ਭਾਰਤੀ ਅਸ਼ਟਾਮ ਐਕਟ, 1899 ਵਿੱਚ ਸੋਧ ਨੂੰ ਵੀ ਪ੍ਰਵਾਨਗੀ ਦੇ ਦਿੱਤੀ। ਇਸ ਸੋਧ ਦਾ ਮੰਤਵ ਕਾਰੋਬਾਰੀ ਖ਼ਰਚੇ ਘਟਾਉਣਾ ਅਤੇ ਪੰਜਾਬ ਵਿੱਚ ਆਰਥਿਕ ਤਰੱਕੀ ਨੂੰ ਹੁਲਾਰਾ ਦੇਣਾ ਏ। ਇਸ ਤਹਿਤ ਜੇ ਕਿਸੇ ਵਿਅਕਤੀ ਨੇ ਕਰਜ਼ੇ ਤੇ ਪਹਿਲਾਂ ਹੀ ਅਸ਼ਟਾਮ ਡਿਊਟੀ ਦਾ ਭੁਗਤਾਨ ਕਰ ਦਿੱਤਾ ਏ ਅਤੇ ਬਾਅਦ ਵਿੱਚ ਮਾਰਗੇਜ਼ ਪ੍ਰਾਪਰਟੀ ਨੂੰ ਬਦਲੇ ਬਿਨਾਂ ਜਾਇਦਾਦ ਨੂੰ ਤਬਦੀਲ ਕਰਦਾ ਏ ਤਾਂ ਉਸ ਤੋਂ ਕੋਈ ਵਾਧੂ ਅਸ਼ਟਾਮ ਡਿਊਟੀ ਨਹੀਂ ਲਈ ਜਾਵੇਗੀ। ਜੇ ਨਵੇਂ ਕਰਜ਼ ਦੀ ਰਕਮ ਪਿਛਲੀ ਰਕਮ ਨਾਲੋਂ ਜ਼ਿਆਦਾ ਹੁੰਦੀ ਏ ਤਾਂ ਸਿਰਫ਼ ਵਾਧੂ ਰਕਮ ਉਤੇ ਹੀ ਡਿਊਟੀ ਲਈ ਜਾਵੇਗੀ।